Tape/CD: 1352

# ਪੰਨਾ ੧੧੯੨

ਬਸੰਤੁ ਮਹਲਾ ੫ ॥ ਤਿਸੁ ਤੂ ਸੇਵਿ ਜਿਨਿ ਤੂ ਕੀਆ ॥ ਤਿਸੁ ਅਰਾਧਿ ਜਿਨਿ ਜੀਉ ਦੀਆ ॥ ਤਿਸ ਕਾ ਚਾਕਰੁ ਹੋਹਿ ਫਿਰਿ ਡਾਨੁ ਨ ਲਾਗੈ ॥ ਤਿਸ ਕੀ ਕਰਿ ਪੋਤਦਾਰੀ ਫਿਰਿ ਦੂਖੁ ਨ ਲਾਗੈ ॥ ੧ ॥ ਏਵਡ ਭਾਗ ਹੋਹਿ ਜਿਸੁ ਪ੍ਰਾਣੀ ॥ ਸੋ ਪਾਏ ਇਹੁ ਪਦੁ ਨਿਰਬਾਣੀ ॥ ੧ ॥ ਰਹਾਉ ॥ ਦੂਜੀ ਸੇਵਾ ਜੀਵਨੁ ਬਿਰਥਾ ॥ ਕਛੂ ਨ ਹੋਈ ਹੈ ਪੂਰਨ ਅਰਥਾ ॥ ਮਾਣਸ ਸੇਵਾ ਖਰੀ ਦੁਹੇਲੀ ॥ ਸਾਧ ਕੀ ਸੇਵਾ ਸਦਾ ਸੁਹੇਲੀ ॥ ੨ ॥ ਜੇ ਲੋੜਹਿ ਸਦਾ ਸੁਖੁ ਭਾਈ ॥ ਸਾਧੂ ਸੰਗਤਿ ਗੁਰਹਿ ਬਤਾਈ ॥ ਊਹਾ ਜਪੀਐ ਕੇਵਲ ਨਾਮ ॥ ਸਾਧੂ ਸੰਗਤਿ ਪਾਰਗਰਾਮ ॥ ੩ ॥ ਸਗਲ ਤਤ ਮਹਿ ਤਤੁ ਗਿਆਨੁ ॥ ਸਰਬ ਧਿਆਨ ਮਹਿ ਏਕੁ ਧਿਆਨੁ ॥ ਹਰਿ ਕੀਰਤਨ ਮਹਿ ਊਤਮ ਧੁਨਾ ॥ ਨਾਨਕ ਗੁਰ ਮਿਲਿ ਗਾਇ ਗੁਨਾ ॥ ੪ ॥ ੮ ॥